ਸਾਰੰਗ ॥ ੧ੴ ਸਤਿਗੁਰ ਪ੍ਰਸਾਦਿ ॥ ਤੈ ਨਰ ਕਿਆ ਪੁਰਾਨੁ ਸੁਨਿ ਕੀਨਾ ॥ ਅਨਪਾਵਨੀ ਭਗਤਿ ਨਹੀ ਉਪਜੀ ਭੂਖੈ ਦਾਨੁ ਨ ਦੀਨਾ ॥੧॥ ਰਹਾਉ ॥ ਕਾਮੁ ਨ ਬਿਸਰਿਓ ਕ੍ਰੋਧੁ ਨ ਬਿਸਰਿਓ ਲੋਭੁ ਨ ਛੂਟਿਓ ਦੇਵਾ ॥ ਪਰ ਨਿੰਦਾ ਮੁਖ ਤੇ ਨਹੀ ਛੂਟੀ ਨਿਫਲ ਭਈ ਸਭ ਸੇਵਾ ॥੧॥ ਬਾਟ ਪਾਰਿ ਘਰੁ ਮੂਸਿ ਬਿਰਾਨੋ ਪੇਟੁ ਭਰੈ ਅਪ੍ਰਾਧੀ ॥ ਜਿਹਿ ਪਰਲੋਕ ਜਾਇ ਅਪਕੀਰਤਿ ਸੋਈ ਅਬਿਦਿਆ ਸਾਧੀ ॥੨॥ ਹਿੰਸਾ ਤਉ ਮਨ ਤੇ ਨਹੀ ਛੂਟੀ ਜੀਅ ਦਇਆ ਨਹੀ ਪਾਲੀ ॥ ਪਰਮਾਨੰਦ ਸਾਧਸੰਗਤਿ ਮਿਲਿ ਕਥਾ ਪੁਨੀਤ ਨ ਚਾਲੀ ॥੩॥੧॥੬॥ {ਪੰਨਾ 1253}

ਪਦ ਅਰਥ:- ਨਰ—ਹੇ ਮਨੁੱਖ! ਤੈ ਕਿਆ ਕੀਨਾ—ਤੂੰ ਕੀਹ ਕੀਤਾ? ਤੂੰ ਕੀਹ ਖੱਟਿਆ? ਸੁਨਿ—ਸੁਣ ਕੇ। ਪਾਵਨੀ—(Skt. ApwiXn` transient, perishable) ਨਾਸਵੰਤ। ਅਨ ਪਾਵਨੀ—ਨਾਹ ਨਾਸਵੰਤ, ਸਦਾ ਕਾਇਮ ਰਹਿਣ ਵਾਲੀ। ਉਪਜੀ—ਪੈਦਾ ਹੋਈ।1। ਰਹਾਉ।

ਛੂਟਿਓ—ਮੁੱਕਿਆ। ਦੇਵ—ਹੇ ਦੇਵ! ਨਿਫਲ—ਵਿਅਰਥ, ਨਿਸਫਲ।1।

ਬਾਟ—ਰਸਤਾ। ਬਾਟ ਪਾਰਿ—ਰਾਹ ਮਾਰ ਕੇ, ਡਾਕੇ ਮਾਰ ਕੇ। ਮੂਸਿ—ਠੱਗ ਕੇ। ਬਿਰਾਨੋ—ਬਿਗਾਨਾ। ਜਿਹਿ—ਜਿਸ ਕੰਮ ਨਾਲ। ਅਪਕੀਰਤਿ—(ਅਪ+ਕੀਰਤਿ) ਬਦਨਾਮੀ। ਅਬਿਦਿਆ—ਅ+ਵਿਦਿਆ, ਅਗਿਆਨਤਾ, ਮੂਰਖਤਾ।2।

ਹਿੰਸਾ—ਨਿਰਦਇਤਾ। ਜੀਅ—ਜੀਵਾਂ ਨਾਲ। ਦਇਆ—ਪਿਆਰ। ਪੁਨੀਤ—ਪਵਿੱਤਰ।3।

ਅਰਥ:- ਹੇ ਭਾਈ! ਪੁਰਾਣ ਆਦਿਕ ਧਰਮ ਪੁਸਤਕਾਂ ਸੁਣ ਕੇ ਤੂੰ ਖੱਟਿਆ ਤਾਂ ਕੁਝ ਭੀ ਨਹੀਂ; ਤੇਰੇ ਅੰਦਰ ਨਾਹ ਤਾਂ ਪ੍ਰਭੂ ਦੀ ਅਟੱਲ ਭਗਤੀ ਪੈਦਾ ਹੋਈ ਤੇ ਨਾਹ ਹੀ ਤੂੰ ਕਿਸੇ ਲੋੜਵੰਦ ਦੀ ਸੇਵਾ ਕੀਤੀ।1। ਰਹਾਉ।

ਹੇ ਭਾਈ! (ਧਰਮ ਪੁਸਤਕ ਸੁਣ ਕੇ ਭੀ) ਨਾਹ ਕਾਮ ਗਿਆ, ਨਾਹ ਕ੍ਰੋਧ ਗਿਆ, ਨਾਹ ਲੋਭ ਮੁੱਕਾ, ਨਾਹ ਮੂੰਹੋਂ ਪਰਾਈ ਨਿੰਦਿਆ (ਕਰਨ ਦੀ ਆਦਤ) ਹੀ ਗਈ, (ਪੁਰਾਣ ਆਦਿਕ ਪੜ੍ਹਨ ਦੀ) ਸਾਰੀ ਮਿਹਨਤ ਹੀ ਐਵੇਂ ਗਈ।1।

(ਪੁਰਾਣ ਆਦਿਕ ਸੁਣ ਕੇ ਭੀ) ਪਾਪੀ ਮਨੁੱਖ ਡਾਕੇ ਮਾਰ ਮਾਰ ਕੇ ਪਰਾਏ ਘਰ ਲੁੱਟ ਲੁੱਟ ਕੇ ਹੀ ਆਪਣਾ ਢਿੱਡ ਭਰਦਾ ਰਿਹਾ, ਤੇ (ਸਾਰੀ ਉਮਰ) ਉਹੀ ਮੂਰਖਤਾ ਕਰਦਾ ਰਿਹਾ ਜਿਸ ਨਾਲ ਅਗਲੇ ਜਹਾਨ ਵਿਚ ਭੀ ਬਦਨਾਮੀ (ਦਾ ਟਿੱਕਾ) ਹੀ ਮਿਲੇ।2।

ਹੇ ਪਰਮਾਨੰਦ! (ਧਰਮ ਪੁਸਤਕ ਸੁਣ ਕੇ ਭੀ) ਤੇਰੇ ਮਨ ਵਿਚੋਂ ਨਿਰਦਇਤਾ ਨਾਹ ਗਈ, ਤੂੰ ਲੋਕਾਂ ਨਾਲ ਪਿਆਰ ਦਾ ਸਲੂਕ ਨਾਹ ਕੀਤਾ, ਤੇ ਸਤਸੰਗ ਵਿਚ ਬੈਠ ਕੇ ਤੂੰ ਕਦੇ ਪ੍ਰਭੂ ਦੀਆਂ ਪਵਿੱਤਰ (ਕਰਨ ਵਾਲੀਆਂ) ਗੱਲਾਂ ਨਾਹ ਚਲਾਈਆਂ (ਭਾਵ, ਤੈਨੂੰ ਸਤਸੰਗ ਕਰਨ ਦਾ ਸ਼ੌਕ ਨਾਹ ਪਿਆ)।3।1।6।

ਭਗਤ-ਬਾਣੀ ਦੇ ਵਿਰੋਧੀ ਵੀਰ ਨੇ ਪਰਮਾਨੰਦ ਜੀ ਅਤੇ ਉਹਨਾਂ ਦੇ ਇਸ ਸ਼ਬਦ ਬਾਰੇ ਇਉਂ ਲਿਖਿਆ ਹੈ:

“ਭਗਤ ਪਰਮਾਨੰਦ ਜੀ ਕਨੌਜੀਏ ਕੁਬਜ ਬ੍ਰਾਹਮਣਾਂ ਵਿਚੋਂ ਸਨ। ਆਪ ਸੁਆਮੀ ਬਲਭ ਚਾਰਯ ਦੇ ਚੇਲੇ ਬਣੇ। ਇਹਨਾਂ ਨੇ ਵੈਸ਼ਨਵ ਮਤ ਨੂੰ ਚੰਗੀ ਤਰੱਕੀ ਦਿੱਤੀ। ਆਪ ਕਵੀ ਭੀ ਚੰਗੇ ਸਨ, ਆਪ ਦਾ ਤਖ਼ੱਲਸ (ਕਵੀ-ਛਾਪ) ਸਾਰੰਗ ਸੀ। ਇਹਨਾਂ ਨੇ ਕ੍ਰਿਸ਼ਨ-ਉਪਮਾ ਦੀ ਕਾਫ਼ੀ ਕਵਿਤਾ ਰਚੀ ਹੈ।

“ਇਕ ਸ਼ਬਦ ਸਾਰੰਗ ਰਾਗ ਅੰਦਰ ਛਾਪੇ ਦੀ ਮੌਜੂਦਾ ਬੀੜ ਅੰਦਰ ਪੜ੍ਹਨ ਵਿਚ ਆਉਂਦਾ ਹੈ, ਜੋ ਵੈਸ਼ਨੋ ਮਤ ਦੇ ਬਿਲਕੁਲ ਅਨੁਕੂਲ ਹੈ; ਪਰ ਗੁਰਮਤਿ ਵੈਸ਼ਨੋ ਮਤ ਦਾ ਜ਼ੋਰਦਾਰ ਸ਼ਬਦਾਂ ਵਿਚ ਖੰਡਨ ਕਰਦੀ ਹੈ। ਭਗਤ ਜੀ ਫ਼ੁਰਮਾਂਦੇ ਹਨ:

ਹਿੰਸਾ ਤਉ ਮਨ ਤੇ ਨਹੀ ਛੂਟੀ, ਜੀਅ ਦਇਆ ਨਹੀ ਪਾਲੀ।

ਪਰਮਾਨੰਦ ਸਾਧ ਸੰਗਤਿ ਮਿਲਿ, ਕਥਾ, ਪੁਨੀਤ ਨ ਚਾਲੀ।

"ਇਹ ਮਰਯਾਦਾ ਵੈਸ਼ਨਵ ਅਤੇ ਜੈਨ ਮਤ ਵਾਲਿਆਂ ਦੀ ਹੈ, ਗੁਰਮਤਿ ਇਸ ਸਿੱਧਾਂਤ ਦਾ ਖੰਡਨ ਕਰਦੀ ਹੈ। ਸਿੱਖ ਧਰਮ ਜੀਵ-ਹਿੰਸਾ ਜਾਂ ਅਹਿੰਸਾ ਦਾ ਪ੍ਰਚਾਰਕ ਨਹੀਂ ਹੈ, ਗੁਰੂ ਕਾ ਮਤ ਰਾਜ-ਜੋਗ ਹੈ, ਖੜਗਧਾਰੀ ਹੋਣਾ ਸਿੱਖ ਦਾ ਧਰਮ ਹੈ। ਜੀਵ-ਅਹਿੰਸਾ ਵੈਸ਼ਨਵਾਂ ਜੈਨੀਆਂ ਬੋਧੀਆਂ ਦੇ ਧਾਰਮਿਕ ਨੇਮ ਹਨ। "

ਵਿਰੋਧੀ ਵੀਰ ਨੇ ਸ਼ਬਦ ਵਿਚੋਂ ਸਿਰਫ਼ ਉਤਨਾ ਹੀ ਹਿੱਸਾ ਲਿਆ ਹੈ, ਜਿਸ ਨਾਲ ਕਿਸੇ ਪਾਠਕ ਨੂੰ ਭੁਲੇਖਾ ਪੈ ਸਕੇ। ਸਗੋਂ ਇਸ ਗੱਲੋਂ ਭੀ ਰਤਾ ਉਕਾਈ ਹੀ ਖਾ ਗਏ ਹਨ। ਸਿਰਫ਼ ਇਕੋ ਤੁਕ ਲੈਣੀ ਸੀ, ਦੂਜੀ ਤੁਕ ਤਾਂ ਉਹਨਾਂ ਦੀ ਮਦਦ ਨਹੀਂ ਕਰਦੀ। ਲਫ਼ਜ਼ 'ਹਿੰਸਾ' ਅਤੇ 'ਜੀਅ ਦਇਆ' ਦਾ ਅਰਥ ਕਰਨ ਵਿਚ ਕਾਹਲੀ ਤੋਂ ਕੰਮ ਲਿਆ ਗਿਆ ਹੈ। ਸਾਰੇ ਸ਼ਬਦ ਨੂੰ ਰਤਾ ਗਹੁ ਨਾਲ ਪੜ੍ਹੋ। ਭਗਤ ਜੀ ਆਖਦੇ ਹਨ—ਜੇ ਪਰਮਾਤਮਾ ਅਤੇ ਪਰਮਾਤਮਾ ਦੇ ਪੈਦਾ ਕੀਤੇ ਬੰਦਿਆਂ ਨਾਲ ਪਿਆਰ ਨਹੀਂ ਬਣਿਆ ਤਾਂ ਧਰਮ-ਪੁਸਤਕ ਪੜ੍ਹਨ ਤੋਂ ਕੋਈ ਲਾਭ ਨਹੀਂ ਖੱਟਿਆ।

ਅਗਾਂਹ ਭੀ ਸਾਰੇ ਸ਼ਬਦ ਵਿਚ ਇਸੇ ਖ਼ਿਆਲ ਦੀ ਵਿਆਖਿਆ ਹੈ। ਇਥੇ ਲਫ਼ਜ਼ 'ਹਿੰਸਾ' ਦਾ ਅਰਥ ਹੈ 'ਨਿਰ-ਦਇਤਾ', ਅਤੇ 'ਜੀਅ ਦਇਆ' ਦਾ ਅਰਥ ਹੈ 'ਖ਼ਲਕਤਿ ਨਾਲ ਪਿਆਰ'। ਇਹੀ ਲਫ਼ਜ਼ ਗੁਰੂ ਨਾਨਕ ਦੇਵ ਜੀ ਅਤੇ ਗੁਰੂ ਅਰਜਨ ਸਾਹਿਬ ਨੇ ਭੀ ਵਰਤੇ ਹੋਏ ਹਨ:

(1) ਹੰਸੁ ਹੇਤੁ ਲੋਭੁ ਕੋਪੁ, ਚਾਰੇ ਨਦੀਆ ਅਗਿ ॥
ਪਵਹਿ ਦਝਹਿ ਨਾਨਕਾ, ਤਰੀਐ ਕਰਮੀ ਲਗਿ ॥2॥20॥ . . . . . (ਮ: 1, ਮਾਝ ਕੀ ਵਾਰ

ਹੰਸੁ—ਹਿੰਸਾ, ਨਿਰਦਇਤਾ।

(2) ਮਨਿ ਸੰਤੋਖ ਸਰਬ ਜੀਅ ਦਇਆ ॥
ਇਨ ਬਿਧਿ ਬਰਤੁ ਸੰਪੂਰਨ ਭਇਆ ॥11॥ . . . . . (ਮ: 5, ਥਿਤੀ ਗਉੜੀ

ਜੀਅ ਦਇਆ—ਖ਼ਲਕਤਿ ਨਾਲ ਪਿਆਰ।